# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 18-03-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੱਲ੍ਹ ਸੰਯੁਕਤ ਅਰਬ ਅਮੀਰਾਤ (ਯੂਏਈ) ਦੇ ਰਾਸ਼ਟਰਪਤੀ ਸ਼ੇਖ ਮੁਹੰਮਦ ਬਿਨ ਜ਼ਾਇਦ ਅਲ ਨਾਹਯਾਨ ਨਾਲ ਗੱਲਬਾਤ ਕੀਤੀ । ਟੈਲੀਫੋਨ 'ਤੇ ਗੱਲਬਾਤ ਦੌਰਾਨ, ਦੋਵਾਂ ਨੇਤਾਵਾਂ ਨੇ ਪੱਛਮੀ ਏਸ਼ੀਆ ਦੀ ਮੌਜੂਦਾ ਸਥਿਤੀ ਅਤੇ ਹੋਰਮੁਜ਼ ਪਣਜੋੜ ਦੀ ਸੁਰੱਖਿਆ 'ਤੇ ਚਰਚਾ ਕੀਤੀ। ਸ਼੍ਰੀ ਮੋਦੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਉਹ ਯੂਏਈ 'ਤੇ ਹੋਏ ਸਾਰੇ ਹਮਲਿਆਂ ਜਿਹਨਾਂ ਦੇ ਨਤੀਜੇ ਵਜੋਂ ਮਾਸੂਮ ਜਾਨਾਂ ਗਈਆਂ ਨੇ ਦੀ ਭਾਰਤ ਵਲੋਂ ਸਖ਼ਤ ਨਿਖੇਧੀ ਨੂੰ ਦੁਹਰਾਉਂਦੇ ਨੇ ਅਤੇ ਨਾਗਰਿਕ ਬੁਨਿਆਦੀ ਢਾਂਚੇ ਨੂੰ ਨੁਕਸਾਨ ਪਹੁੰਚਿਆ ਏ । ਉਨ੍ਹਾਂ ਅੱਗੇ ਕਿਹਾ ਕਿ ਦੋਵੇਂ ਧਿਰਾਂ ਹੋਰਮੁਜ਼ ਪਣਜੋੜ ਰਾਹੀਂ ਸੁਰੱਖਿਅਤ ਅਤੇ ਆਜ਼ਾਦ ਨੇਵੀਗੇਸ਼ਨ ਨੂੰ ਯਕੀਨੀ ਬਣਾਉਣ ਦੀ ਮਹੱਤਤਾ 'ਤੇ ਸਹਿਮਤ ਨੇ. ਗੱਲਬਾਤ ਦੌਰਾਨ, ਪ੍ਰਧਾਨ ਮੰਤਰੀ ਨੇ ਕਿਹਾ ਕਿ ਉਹ ਖੇਤਰ ਵਿੱਚ ਸ਼ਾਂਤੀ, ਸੁਰੱਖਿਆ ਅਤੇ ਸਥਿਰਤਾ ਦੀ ਜਲਦੀ ਬਹਾਲੀ ਲਈ ਰਲ ਕੇ ਕੰਮ ਕਰਨਾ ਜਾਰੀ ਰੱਖਣਗੇ। ਇਸ ਦੌਰਾਨ, ਪ੍ਰਧਾਨ ਮੰਤਰੀ ਨੇ ਯੂਏਈ ਦੇ ਰਾਸ਼ਟਰਪਤੀ ਨੂੰ ਈਦ ਦੀਆਂ ਅਗਾਊਂ ਸ਼ੁਭਕਾਮਨਾਵਾਂ ਵੀ ਦਿੱਤੀਆਂ ।

------------------------------------------------------------

ਏਅਰ ਇੰਡੀਆ ਅਤੇ ਏਅਰ ਇੰਡੀਆ ਐਕਸਪ੍ਰੈਸ ਵਲੋਂ ਅੱਜ ਪੱਛਮੀ ਏਸ਼ੀਆ ਲਈ ਅਤੇ ਉੱਥੋਂ ਭਾਰਤ ਲਈ 50 ਸ਼ਡਿਊਲਡ ਅਤੇ ਗੈਰ-ਸ਼ਡਿਊਲਡ ਉਡਾਣਾਂ ਚਲਾਈਆਂ ਜਾਣਗੀਆਂ। ਏਅਰ ਇੰਡੀਆ ਨੇ ਇੱਕ ਬਿਆਨ ਵਿੱਚ ਕਿਹਾ ਏ ਕਿ ਇਨ੍ਹਾਂ ਵਿੱਚੋਂ 26 ਸ਼ਡਿਊਲਡ ਅਤੇ 24 ਗੈਰ-ਸ਼ਡਿਊਲਡ ਸੇਵਾਵਾਂ ਹੋਣਗੀਆਂ। ਅਮਰੀਕਾ, ਇਜ਼ਰਾਈਲ ਅਤੇ ਈਰਾਨ ਨਾਲ ਜੁੜੇ ਖੇਤਰ ਵਿੱਚ ਚੱਲ ਰਹੇ ਟਕਰਾਅ ਨੇ ਉਡਾਣ ਸੰਚਾਲਨ ਵਿੱਚ ਵਿਘਨ ਪਾਇਆ ਏ।

------------------------------------------------------------

ਪੰਜਾਬ ਸਰਕਾਰ ਨੇ ਵਿਸ਼ਵ ਬੈਂਕ ਦੇ ਸਹਿਯੋਗ ਨਾਲ ਸਕੂਲ ਸਿੱਖਿਆ ਸੁਧਾਰ 'ਪੰਜਾਬ ਸਿੱਖਿਆ ਕ੍ਰਾਂਤੀ 2.0' ਦਾ ਇੱਕ ਨਵਾਂ ਗੇੜ੍ਹ ਸ਼ੁਰੂ ਕੀਤਾ ਏ ਤਾਂ ਜੋ ਰਾਜ ਦੀ ਸਿੱਖਿਆ ਪ੍ਰਣਾਲੀ ਨੂੰ ਵਿਸ਼ਵ ਪਧਰੀ ਮਿਆਰਾਂ ਮੁਤਾਬਿਕ ਦੁਨੀਆ ਦੇ ਸਭ ਤੋਂ ਵਧੀਆ ਨਾਲ ਮੁਕਾਬਲਾ ਕਰਨ ਲਈ ਤਿਆਰ ਕੀਤਾ ਜਾ ਸਕੇ। ਸਰਕਾਰੀ ਹਲਕਿਆਂ ਮੁਤਾਬਿਕ, ਦੂਜਾ ਪੜਾਅ ਕੁੱਲ 100 ਕਰੋੜ ਰੁਪਏ ਦੇ ਨਿਵੇਸ਼ ਨਾਲ ਸ਼ੁਰੂ ਕੀਤਾ ਗਿਆ ਏ ਤੇ ਅਗਲੇ ਛੇ ਸਾਲਾਂ ਵਿੱਚ 3 ਹਜ਼ਾਰ 500 ਕਰੋੜ ਰੁਪਏ ਖਰਚ ਕੀਤੇ ਜਾਣ ਦੀ ਯੋਜਨਾ ਏ। ਇਸ ਵਿੱਚ ਵਿਸ਼ਵ ਬੈਂਕ ਕਰਜ਼ਾ ਸਹਾਇਤਾ ਰਾਹੀਂ 2 ਹਜ਼ਾਰ 500 ਕਰੋੜ ਰੁਪਏ ਅਤੇ ਪੰਜਾਬ ਸਰਕਾਰ

ਵੱਲੋਂ 1 ਹਜ਼ਾਰ ਕਰੋੜ ਰੁਪਏ ਸ਼ਾਮਲ ਨੇ. ਇਹ ਰਾਜ ਦੇ ਇਤਿਹਾਸ ਵਿੱਚ ਸਿੱਖਿਆ ਸੁਧਾਰਾਂ ਦੇ ਸਭ ਤੋਂ ਵੱਡੇ ਨਿਵੇਸ਼ਾਂ ਵਿੱਚੋਂ ਇੱਕ ਏ.

---

ਪੰਜਾਬ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਇੱਕ ਮੀਟਿੰਗ ਦੌਰਾਨ ਅਧਿਕਾਰੀਆਂ ਨੂੰ ਹਦਾਇਤ ਕੀਤੀ ਏ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਸੜਕਾਂ ਦੇ ਨਿਰਮਾਣ ਸਬੰਧੀ ਮਿੱਥੇ ਗਏ ਟੀਚਿਆਂ ਨੂੰ ਹਰ ਹਾਲਤ ਵਿੱਚ ਹਾਸਲ ਕੀਤਾ ਜਾਵੇ. ਮੰਤਰੀ ਵਲੋਂ ਇਹ ਹਦਾਇਤਾਂ, ਪੰਜਾਬ ਸਰਕਾਰ ਦੇ ਲੋਕ ਨਿਰਮਾਣ ਵਿਭਾਗ ਵੱਲੋਂ, ਸੂਬੇ ਵਿੱਚ ਬਣਵਾਈਆਂ ਜਾਂ ਰਹੀਆਂ ਸੜਕਾਂ ਦੀ ਪ੍ਰਗਤੀ ਸਬੰਧੀ ਸਮੀਖਿਆ ਮੀਟਿੰਗ ਦੌਰਾਨ ਦਿੱਤੀਆਂ ਗਈਆਂ.ਮੰਤਰੀ ਨੇ ਇਹ ਵੀ ਦੱਸਿਆ ਕਿ ਸੜਕਾਂ ਦੇ ਨਿਰਮਾਣ ਸਬੰਧੀ ਟੈਂਡਰ ਪ੍ਰਕਿਰਿਆ ਮੁਕੰਮਲ ਹੋਣ ਤੋਂ ਬਾਅਦ ਸੜਕ ਨਿਰਮਾਣ ਦਾ ਕੰਮ ਪੂਰੇ ਜ਼ੋਰ-ਸ਼ੋਰ ਨਾਲ ਸ਼ੁਰੂ ਹੋ ਗਿਆ ਏ ਅਤੇ ਵਿਭਾਗ ਵੱਲੋਂ ਰੋਜ਼ਾਨਾ 60 ਕਿਲੋਮੀਟਰ ਤੋਂ ਜ਼ਿਆਦਾ ਸੜ੍ਹਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਏ ਅਤੇ ਇਹਨਾਂ ਨੂੰ ਮਜ਼ਬੂਤ ਬਣਾਇਆ ਜਾ ਰਿਹਾ ਏ। ਮੰਤਰੀ ਨੇ ਦੱਸਿਆ ਕਿ ਸੂਬੇ ਵਿਚ ਹੌਟ ਮਿਕਸ ਪਲਾਂਟਾਂ ਨੇ ਆਪਣੀ ਪੂਰੀ ਸਮਰੱਥਾ ਅਨੁਸਾਰ ਕੰਮ ਕਰਨਾ ਸ਼ੁਰੂ ਕਰ ਦਿੱਤਾ ਏ ਜਿਸ ਸਦਕਾ ਸੂਬੇ ਵਿੱਚ ਰੋਜ਼ਾਨਾ 100 ਕਿਲੋਮੀਟਰ ਤੋਂ ਵੱਧ ਸੜ੍ਹਕ ਉਸਾਰੀ ਦਾ ਕੰਮ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ

ਨੇ 30 ਜੂਨ, 2026 ਤੱਕ ਰਾਜ ਦੀਆਂ ਲਗਭਗ 20 ਹਜ਼ਾਰ 500 ਕਿਲੋਮੀਟਰ ਸੜ੍ਹਕਾਂ ਦੇ ਨਿਰਮਾਣ ਦਾ ਟੀਚਾ ਮਿੱਥਿਆ ਏ । ਉਨ੍ਹਾਂ ਦੱਸਿਆ ਕਿ ਖਾੜੀ ਦੇਸ਼ਾਂ ਵਿੱਚ ਚਲ ਰਹੀ ਜੰਗ ਕਾਰਨ ਬਿਟੂਮਨ ਦੀ ਕੁਝ ਘਾਟ ਪੈਦਾ ਹੋ ਰਹੀ ਏ ਪਰ ਵਿਭਾਗ ਦੇ ਅਧਿਕਾਰੀਆਂ ਵਲੋਂ ਇਸ ਸਮੱਸਿਆਂ ਨਾਲ ਨਜਿੱਠਣ ਲਈ ਪੂਰੀ ਤਿਆਰੀ ਕਰ ਲਈ ਗਈ ਏ । ਉਨ੍ਹਾ ਇਸ ਬਾਰੇ ਬਿਟੂਮਨ ਸਪਲਾਇਰ ਕੰਪਨੀਆਂ ਨਾਲ ਉੱਚ ਪੱਧਰੀ ਤਾਲਮੇਲ ਕਰਨ ਲਈ ਨਿਰਦੇਸ਼ ਦਿੱਤੇ ।

---------------------------------------------------------

ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਕਲ੍ਹ ਹਲਕਾ ਤਰਨ ਤਾਰਨ ਤੋਂ 40 ਸ਼ਰਧਾਲੂਆਂ ਦਾ ਜਥਾ ਰਵਾਨਾ ਹੋਇਆ। ਤਰਨ ਤਾਰਨ ਤੋਂ ਸ਼ਰਧਾਲੂਆਂ ਦੀ ਇਸ ਪਹਿਲੀ ਬੱਸ ਨੂੰ 'ਆਪ' ਦੇ ਜ਼ਿਲ੍ਹਾ ਜਰਨਲ ਸਕੱਤਰ ਅੰਜੂ ਵਰਮਾ ਸਮੇਤ ਹੋਰਨਾਂ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਉਨ੍ਹਾਂ ਦੱਸਿਆ ਕਿ ਇਸ ਤਿੰਨ ਰੋਜ਼ਾ ਯਾਤਰਾ ਦੌਰਾਨ ਸ਼ਰਧਾਲੂ, ਸ੍ਰੀ ਅਨੰਦਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਨਗੇ। ਉਨ੍ਹਾਂ ਨੇ ਤੀਰਥ ਯਾਤਰਾ ’ਤੇ ਜਾਣ ਵਾਲੇ ਸ਼ਰਧਾਲੂਆਂ ਨੂੰ ਸ਼ੁੱਭਕਾਮਨਾਵਾਂ ਦਿੰਦਿਆਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਹਰ ਵਰਗ ਦੇ ਲੋਕਾਂ ਨੂੰ ਆਪਣੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣਾ ਏ, ਖਾਸ ਕਰਕੇ ਉਹ ਲੋਕ ਜੋ ਆਰਥਿਕ ਕਾਰਨਾਂ ਜਾਂ ਵਢੇਰੀ ਉਮਰ ਕਰਕੇ ਯਾਤਰਾ ਕਰਨ ਤੋਂ ਵਾਂਝੇ ਰਹਿ ਜਾਂਦੇ ਨੇ.

ਉਨ੍ਹਾਂ ਕਿਹਾ ਕਿ ਇਹ ਯਾਤਰਾ ਸਿਰਫ਼ ਧਾਰਮਿਕ ਨਹੀਂ, ਸਗੋਂ ਸਮਾਜਿਕ ਸਾਂਝ ਅਤੇ ਆਪਸੀ ਭਾਈਚਾਰੇ ਨੂੰ ਮਜ਼ਬੂਤ ਕਰਨ ਦਾ ਵੀ ਇਕ ਮਾਧਿਅਮ ਏ।

---------------------------------------------------------------

ਸਰਕਾਰ ਨੇ ਸਪੱਸ਼ਟ ਕੀਤਾ ਏ ਕਿ LPG ਬਾਇਓਮੈਟ੍ਰਿਕ ਆਧਾਰ ਪ੍ਰਮਾਣੀਕਰਨ (e-KYC) ਸਿਰਫ਼ ਗੈਰ-ਪ੍ਰਮਾਣਿਤ LPG ਗਾਹਕਾਂ ਲਈ ਜ਼ਰੂਰੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਨੇ ਕਿਹਾ ਏ ਕਿ ਇਹ ਕੋਈ ਨਵਾਂ ਦਿਸ਼ਾ ਨਿਰਦੇਸ਼ ਨਹੀਂ ਸਗੋਂ ਸਰਕਾਰ ਦੇ ਹੋਰ LPG ਖਪਤਕਾਰਾਂ ਨੂੰ ਬਾਇਓਮੈਟ੍ਰਿਕ ਆਧਾਰ ਪ੍ਰਮਾਣੀਕਰਨ ਨੂੰ ਪੂਰਾ ਕਰਨ ਲਈ ਉਤਸ਼ਾਹਿਤ ਕਰਨ ਦੇ ਯਤਨਾਂ ਦਾ ਹਿੱਸਾ ਏ। ਮੰਤਰਾਲੇ ਨੇ ਕਿਹਾ ਏ ਕਿ e-KYC ਦੀ ਜ਼ਰੂਰਤ ਉਨ੍ਹਾਂ LPG ਖਪਤਕਾਰਾਂ 'ਤੇ ਲਾਗੂ ਹੁੰਦੀ ਏ ਜਿਨ੍ਹਾਂ ਨੇ ਹੁਣ ਤੱਕ eKYC ਨਹੀਂ ਕੀਤਾ ਏ।